# ਪੰਜਾਬ ਵਿਧਾਨ ਸਭਾ

## ਤੇਰ੍ਹਵਾਂ ਸਮਾਗਮ

## ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ

## 04 ਅਗਸਤ 2026

----

ਕੁੱਲ ਪ੍ਰਸ਼ਨ - 18

----

**ਪੰਚਾਇਤੀ ਜ਼ਮੀਨਾਂ ਉੱਤੇ ਗੈਰ-ਕਾਨੂੰਨੀ ਕਬਜ਼ਿਆਂ ਦੇ ਵੇਰਵੇ**

**652 ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ (ਜਗਰਾਉਂ):**

**ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਚਾਰੀ, ਪੇਂਡੂ ਵਿਕਾਸ ਅਤੇ ਪੰਚਾਇਤਾਂ, ਬਿਜਲੀ ਵਿਭਾਗ :=** ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਜਗਰਾਉਂ ਬਲਾਕ ਅਧੀਨ ਪੰਚਾਇਤੀ ਜ਼ਮੀਨਾਂ ਉੱਤੇ ਗੈਰ-ਕਾਨੂੰਨੀ ਕਬਜ਼ਿਆਂ ਦੀ ਗਿਣਤੀ ਕਿੰਨੀ ਹੈ ਅਤੇ ਕੀ ਉਨ੍ਹਾਂ ਨੂੰ ਹਟਾਉਣ ਲਈ ਕੋਈ ਕਾਰਵਾਈ ਕੀਤੀ ਗਈ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

**ਜਗਰਾਉਂ ਬਲਾਕ ਵਿਖੇ ਪਿੰਡਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਅਤੇ ਨਾਲੀਆਂ ਦੇ ਕੰਮ ਪੂਰੇ ਕਰਨਾ**

**654 ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ (ਜਗਰਾਉਂ):**

**ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਚਾਰੀ, ਪੇਂਡੂ ਵਿਕਾਸ ਅਤੇ ਪੰਚਾਇਤਾਂ, ਬਿਜਲੀ ਵਿਭਾਗ :=** ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਜਗਰਾਉਂ ਬਲਾਕ ਦੇ ਕਿੰਨੇ ਪਿੰਡਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਅਤੇ ਨਾਲੀਆਂ ਦੇ ਕੰਮ ਅਧੂਰੇ ਪਏ ਹਨ, ਉਨ੍ਹਾਂ ਨੂੰ ਕਦੋਂ ਤੱਕ ਪੂਰਾ ਕੀਤਾ ਜਾਵੇਗਾ; ਵੇਰਵੇ ਸਹਿਤ ਦੱਸਿਆ ਜਾਵੇ?

----

**ਜਗਰਾਉਂ ਬਲਾਕ ਦੇ ਪਿੰਡਾਂ ਦੀਆਂ ਪੰਚਾਇਤੀ ਸੰਪਤੀਆਂ ਤੋਂ ਹੋਈ ਆਮਦਨ ਵੇਰਵੇ**

657 **ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ (ਜਗਰਾਉਂ):**

**ਜੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਚਾਰੀ, ਪੇਂਡੂ ਵਿਕਾਸ ਅਤੇ ਪੰਚਾਇਤਾਂ, ਬਿਜਲੀ ਵਿਭਾਗ :=** ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਪਿਛਲੇ ਤਿੰਨ ਸਾਲਾਂ ਦੌਰਾਨ ਜਗਰਾਓਂ ਬਲਾਕ ਅਧੀਨ ਪਿੰਡਾਂ ਵਿੱਚ ਪੰਚਾਇਤੀ ਸੰਪਤੀਆਂ (ਦੁਕਾਨਾਂ, ਕਮਿਊਨਿਟੀ ਹਾਲ ਅਤੇ ਹੋਰ ਇਮਾਰਤਾਂ) ਤੋਂ ਕਿੰਨੀ ਆਮਦਨ ਹੋਈ ਅਤੇ ਕਿੰਨਾ ਕਿਰਾਇਆ ਬਕਾਇਆ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

## ਜਗਰਾਓਂ ਬਲਾਕ ਵਿਖੇ B.D.P.O. ਦਫ਼ਤਰ ਕੋਲ ਵਿਕਾਸ ਕਾਰਜਾਂ ਸਬੰਧੀ ਪ੍ਰਾਪਤ ਸ਼ਿਕਾਇਤਾਂ ਦੇ ਵੇਰਵੇ

658 **ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ (ਜਗਰਾਉਂ):**

**ਜੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਚਾਰੀ, ਪੇਂਡੂ ਵਿਕਾਸ ਅਤੇ ਪੰਚਾਇਤਾਂ, ਬਿਜਲੀ ਵਿਭਾਗ :=** ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਪਿਛਲੇ ਤਿੰਨ ਸਾਲਾਂ ਦੌਰਾਨ ਜਗਰਾਓਂ ਬਲਾਕ ਵਿੱਚ B.D.P.O. ਦਫ਼ਤਰ ਵਿਖੇ ਵਿਕਾਸ ਕਾਰਜਾਂ ਸਬੰਧੀ ਪ੍ਰਾਪਤ ਸ਼ਿਕਾਇਤਾਂ ਦੀ ਗਿਣਤੀ ਕਿੰਨੀ ਹੈ, ਕਿੰਨੀਆਂ ਸ਼ਿਕਾਇਤਾਂ ਨਿਪਟਾਈਆਂ ਗਈਆਂ ਅਤੇ ਕਿੰਨੇਂ ਮਾਮਲੇ ਲੰਬਿਤ ਹਨ; ਵੇਰਵੇ ਸਹਿਤ ਦੱਸਿਆ ਜਾਵੇ?

----

## ਨਗਰ ਪੰਚਾਇਤਾਂ ਅਤੇ ਛੋਟੇ ਸ਼ਹਿਰੀ ਖੇਤਰਾਂ ਵਿੱਚ ਵੀ ਮਨਰੇਗਾ (VB-G RAM G) ਦੀ ਤਰਜ਼ ਤੇ ਰੁਜ਼ਗਾਰ ਗਾਰੰਟੀ ਯੋਜਨਾ ਲਾਗੂ ਕਰਨਾ

661 **ਸ਼੍ਰੀ ਬਲਕਾਰ ਸਿੰਘ ਸਿੱਧੂ (ਰਾਮਪੁਰਾ ਫੂਲ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ, ਸਥਾਨਕ ਸਰਕਾਰਾਂ ਵਿਭਾਗ :-**
ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ)** ਕੀ ਇਹ ਠੀਕ ਹੈ ਕਿ ਹਲਕਾ ਰਾਮਪੁਰਾ ਫੂਲ ਦੀਆਂ ਪੰਜ ਨਗਰ ਪੰਚਾਇਤਾਂ ਵਿੱਚ ਵੱਡੀ ਗਿਣਤੀ ਵਿੱਚ ਐਸ.ਸੀ. ਅਤੇ ਆਰਥਿਕ ਤੌਰ ਤੇ ਕਮਜ਼ੋਰ ਪਰਿਵਾਰ ਰਹਿੰਦੇ ਹਨ, ਜਿਨ੍ਹਾਂ ਲਈ ਸਥਾਈ ਰੁਜ਼ਗਾਰ ਦੇ ਮੌਕੇ ਬਹੁਤ ਘੱਟ ਹਨ, ਜਦਕਿ ਪੇਂਡੂ ਖੇਤਰਾਂ ਵਿੱਚ ਮਨਰੇਗਾ ਰਾਹੀਂ ਰੁਜ਼ਗਾਰ ਦੀ ਵਿਵਸਥਾ ਹੈ, ਪਰ ਨਗਰ ਪੰਚਾਇਤਾਂ ਦੇ ਵਸਨੀਕਾਂ ਲਈ ਅਜਿਹੀ ਕੋਈ ਯੋਜਨਾ ਉਪਲਬਧ ਨਹੀਂ ਹੈ;

**ਅ)** ਕੀ ਪੰਜਾਬ ਸਰਕਾਰ ਨੇ ਕੇਂਦਰ ਸਰਕਾਰ ਕੋਲ ਨਗਰ ਪੰਚਾਇਤਾਂ ਅਤੇ ਛੋਟੇ ਸ਼ਹਿਰੀ ਖੇਤਰਾਂ ਵਿੱਚ ਵੀ ਮਨਰੇਗਾ ਦੀ ਤਰਜ਼ ਤੇ ਰੁਜ਼ਗਾਰ ਗਾਰੰਟੀ ਯੋਜਨਾ ਲਾਗੂ ਕਰਨ ਜਾਂ ਇਸ ਵਰਗੀ ਕੋਈ ਯੋਜਨਾ ਸ਼ੁਰੂ ਕਰਨ ਲਈ ਕੋਈ ਪ੍ਰਸਤਾਵ ਭੇਜਿਆ ਹੈ; ਜੇਕਰ ਹਾਂ, ਤਾਂ ਉਸ ਦੀ ਮੌਜੂਦਾ ਸਥਿਤੀ ਕੀ ਹੈ ਅਤੇ ਜੇਕਰ ਨਹੀਂ ਤਾਂ ਕੀ ਪੰਜਾਬ ਸਰਕਾਰ ਕੇਂਦਰ ਸਰਕਾਰ ਕੋਲ ਅਜਿਹੀ ਯੋਜਨਾ ਲਾਗੂ ਕਰਨ ਲਈ ਸਿਫ਼ਾਰਸ਼ ਭੇਜਣ ਬਾਰੇ ਵਿਚਾਰ ਕਰੇਗੀ ਤਾਂ ਜੋ ਨਗਰ ਪੰਚਾਇਤਾਂ ਵਿੱਚ ਰਹਿੰਦੇ ਗਰੀਬ ਅਤੇ ਬੇਰੁਜ਼ਗਾਰ ਪਰਿਵਾਰਾਂ ਨੂੰ ਵੀ ਰੋਜ਼ਗਾਰ ਦੇ ਮੌਕੇ ਮਿਲ ਸਕਣ?

----

ਜਵਾਹਰ ਸਿੰਘ ਵਾਲਾ ਤੋਂ ਨਿਹਾਲ ਸਿੰਘ ਵਾਲਾ ਵਾਇਆ ਭਾਗੀਕੇ ਤੱਕ ਸੜਕ ਬਣਾਉਣਾ

666 **ਸਰਦਾਰ ਸ. ਮਨਜੀਤ ਸਿੰਘ ਬਿਲਾਸਪੁਰ (ਨਿਹਾਲ ਸਿੰਘ ਵਾਲਾ):**

**ਲੋਕ ਨਿਰਮਾਣ :=** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਪਿੰਡ ਜਵਾਹਰ ਸਿੰਘ ਵਾਲਾ ਤੋਂ ਨਿਹਾਲ ਸਿੰਘ ਵਾਲਾ ਵਾਇਆ ਭਾਗੀਕੇ, ਹਿੰਮਤਪੁਰਾ ਪੁਲਾਂ ਵਾਲੀ ਸੜਕ ਦੀ ਹਾਲਤ ਬਹੁਤ ਖਰਾਬ ਹੋ ਚੁੱਕੀ ਹੈ ਅਤੇ ਇਸ ਸੜਕ ਉੱਤੇ ਭਾਰੀ ਟ੍ਰੈਫਿਕ ਵੀ ਰਹਿੰਦਾ ਹੈ; ਜੇਕਰ ਅਜਿਹਾ ਹੈ ਤਾਂ ਇਸ ਸੜਕ ਤੇ ਡਿਵਾਈਡਰ ਲਗਾ ਕੇ ਇਸਨੂੰ ਬਣਾਉਣ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

ਘੋਲੀਆ ਖੁਰਦ ਤੋਂ ਮਾਣੂੰਕੇ ਗਿੱਲ ਨੂੰ ਜਾਣ ਵਾਲੀ ਸੜਕ ਬਣਾਉਣਾ

672 **ਸਰਦਾਰ ਸ. ਮਨਜੀਤ ਸਿੰਘ ਬਿਲਾਸਪੁਰ (ਨਿਹਾਲ ਸਿੰਘ ਵਾਲਾ):**

**ਖੇਤੀਬਾੜੀ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ :=** ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਨਿਹਾਲ ਸਿੰਘ ਵਾਲਾ ਦੇ ਘੋਲੀਆ ਖੁਰਦ ਤੋਂ ਮਾਣੂੰਕੇ ਗਿੱਲ ਨੂੰ ਜਾਣ ਵਾਲੀ ਸੜਕ ਦੀ ਹਾਲਤ ਬਹੁਤ ਖਰਾਬ ਹੋ ਚੁੱਕੀ ਹੈ; ਜੇਕਰ ਅਜਿਹਾ ਹੈ ਤਾਂ ਇਸਨੂੰ ਮੁੜ ਉਸਾਰਨ ਜਾਂ ਮੁਰੰਮਤ ਕਰਨ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

ਪਿੰਡ ਬੱਧਨੀ ਕਲਾਂ ਦੀ ਫਿਰਨੀ ਬਣਾਉਣਾ

674 **ਸਰਦਾਰ ਸ. ਮਨਜੀਤ ਸਿੰਘ ਬਿਲਾਸਪੁਰ (ਨਿਹਾਲ ਸਿੰਘ ਵਾਲਾ):**

**ਲੋਕ ਨਿਰਮਾਣ :=** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਨਿਹਾਲ ਸਿੰਘ ਵਾਲਾ ਦੇ ਪਿੰਡ ਬੱਧਨੀ ਕਲਾਂ ਦੀ ਫਿਰਨੀ ਦੀ ਹਾਲਤ ਬਹੁਤ ਖਰਾਬ ਹੋ ਚੁੱਕੀ ਹੈ; ਜੇਕਰ ਅਜਿਹਾ ਹੈ ਤਾਂ ਇਸਨੂੰ ਨਵੀਂ ਬਣਾਉਣ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

ਬਿਲਾਸਪੁਰ ਤੋਂ ਬੁਰਜ ਕੁਲਾਰਾ ਜਾਣ ਵਾਲੀ ਸੜਕ ਬਣਾਉਣਾ

675 **ਸਰਦਾਰ ਸ. ਮਨਜੀਤ ਸਿੰਘ ਬਿਲਾਸਪੁਰ (ਨਿਹਾਲ ਸਿੰਘ ਵਾਲਾ):**

**ਖੇਤੀਬਾੜੀ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ :=** ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਨਿਹਾਲ ਸਿੰਘ ਵਾਲਾ ਦੇ ਪਿੰਡ ਬਿਲਾਸਪੁਰ ਤੋਂ ਬੁਰਜ ਕੁਲਾਰਾ ਜਾਣ ਵਾਲੀ ਸੜਕ ਦੀ ਹਾਲਤ ਬਹੁਤ ਖਰਾਬ ਹੋ ਚੁੱਕੀ ਹੈ; ਜੇਕਰ ਅਜਿਹਾ ਹੈ ਤਾਂ ਇਸਨੂੰ ਮੁੜ ਉਸਾਰਨ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

ਮੱਖੂ ਨੇੜੇ ਇੰਦਰਾ ਗਾਂਧੀ ਕੈਨਾਲ ਤੇ ਬਣਿਆ ਪਿੰਡ ਝਾਮਕੇ ਦਾ ਪੁਲ ਦੁਬਾਰਾ ਬਣਾਉਣਾ

682 ਸ਼੍ਰੀ ਨਰੇਸ਼ ਕਟਾਰੀਆ (ਜੀਰਾ ):

**ਲੋਕ ਨਿਰਮਾਣ :=** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਮੱਖੂ ਨੇੜੇ ਇੰਦਰਾ ਗਾਂਧੀ ਕੈਨਾਲ ਤੇ ਬਣਿਆ ਪਿੰਡ ਝਾਮਕੇ ਦਾ ਪੁਲ ਅੱਜ ਤੋਂ ਕਰੀਬ ਇੱਕ ਸਾਲ ਪਹਿਲਾਂ ਟੁੱਟ ਗਿਆ ਸੀ, ਜਿਸ ਕਾਰਣ ਕਈ ਪਿੰਡ ਪ੍ਰਭਾਵਿਤ ਹੋਏ ਅਤੇ ਸਕੂਲੀ ਬੱਚਿਆਂ ਨੂੰ ਸਕੂਲ ਜਾਣ ਸਮੇਂ ਬਹੁਤ ਮੁਸ਼ਕਿਲ ਦਾ ਸਾਹਮਣਾ ਕਰਨਾ ਪੈਂਦਾ ਹੈ; ਜੇਕਰ ਅਜਿਹਾ ਹੈ ਤਾਂ ਇਹ ਪੁਲ ਕੱਦੋਂ ਤੱਕ ਦੁਬਾਰਾ ਬਣ ਜਾਵੇਗਾ; ਵੇਰਵੇ ਸਹਿਤ ਦੱਸਿਆ ਜਾਵੇ?

----

## ਬਰਨਾਲਾ ਵਿਖੇ ਸਫਾਈ ਕਰਮਚਾਰੀਆਂ ਦੀਆਂ ਮੰਗਾਂ ਦੇ ਵੇਰਵੇ

683 ਸ਼੍ਰੀ ਕੁਲਦੀਪ ਸਿੰਘ ਢਿੱਲੋਂ ਕਾਲਾ ਢਿੱਲੋਂ (ਬਰਨਾਲਾ):

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ, ਸਥਾਨਕ ਸਰਕਾਰਾਂ ਵਿਭਾਗ :-**
ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ**) ਬਰਨਾਲਾ ਵਿਖੇ ਸਫਾਈ ਕਰਮਚਾਰੀਆਂ ਦੀਆਂ ਮੁੱਖ ਮੰਗਾਂ ਕੀ ਹਨ;

**ਅ**) ਕੀ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ 'ਤੇ ਵਿਚਾਰ ਕਰਨ ਲਈ ਕਿਸੇ ਕਮੇਟੀ ਜਾਂ ਅਧਿਕਾਰੀਆਂ ਨਾਲ ਕੋਈ ਮੀਟਿੰਗ ਕੀਤੀ ਹੈ;

**ੲ**) ਸਫਾਈ ਕਰਮਚਾਰੀਆਂ ਦੀਆਂ ਕਿਹੜੀਆਂ ਮੰਗਾਂ ਨੂੰ ਸਰਕਾਰ ਨੇ ਮੰਨਜੂਰ ਕੀਤਾ ਹੈ, ਕਿਹੜੀਆਂ ਲੰਬਿਤ ਹਨ ਅਤੇ ਲੰਬਿਤ ਮੰਗਾਂ ਨੂੰ ਪੂਰਾ ਕਰਨ ਲਈ ਸਰਕਾਰ ਵੱਲੋਂ ਕੀ ਕਾਰਵਾਈ ਕੀਤੀ ਜਾ ਰਹੀ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

## ਫੋਰਟਿਸ, ਅਪੋਲੋ. ਡੀ.ਐਮ.ਸੀ ਜਾਂ ਸੀ.ਐਮ.ਸੀ ਆਦਿ ਹਸਪਤਾਲਾਂ ਵਿੱਚ ਇਲਾਜ ਦੇ ਰੇਟਾਂ ਦੀ ਜਾਂਚ ਕਰਨਾ

684 ਸ਼੍ਰੀ ਕੁਲਦੀਪ ਸਿੰਘ ਢਿੱਲੋਂ ਕਾਲਾ ਢਿੱਲੋਂ (ਬਰਨਾਲਾ):

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ :-**
ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ**) ਕੀ ਪੰਜਾਬ ਦੇ ਫੋਰਟਿਸ, ਅਪੋਲੋ. ਡੀ.ਐਮ.ਸੀ ਜਾਂ ਸੀ.ਐਮ.ਸੀ ਆਦਿ ਹਸਪਤਾਲਾਂ ਵਿੱਚ ਇਲਾਜ ਦੇ ਰੇਟ ਤਹਿ ਕੀਤੇ ਹੋਏ ਹਨ; ਜੇਕਰ ਅਜਿਹਾ ਹੈ ਤਾਂ ਕੀ ਸਰਕਾਰ ਨੇ ਉਨ੍ਹਾਂ ਦੇ ਰੇਟ ਲਿਸਟਾਂ ਦੀ ਕਦੇ ਜਾਂਚ ਕੀਤੀ ਹੈ;

**ਅ**) ਕੀ ਕੋਈ ਅਜਿਹੀ ਹਾਈ ਲੈਵਲ ਟੀਮ ਸਿਹਤ ਵਿਭਾਗ ਵੱਲੋਂ ਬਣਾਈ ਗਈ ਹੈ ਜਿਸਨੇ ਇਨ੍ਹਾਂ ਵੱਡੇ ਹਸਪਤਾਲਾਂ ਵੱਲੋਂ ਕੀਤੇ ਜਾ ਰਹੇ ਮਹਿੰਗੇ ਇਲਾਜ ਨੂੰ ਰੀਵਿਊ ਕੀਤਾ ਹੋਵੇ; ਵੇਰਵੇ ਸਹਿਤ ਦੱਸਿਆ ਜਾਵੇ?

----

## ਬਰਨਾਲਾ ਸ਼ਹਿਰ ਨੂੰ ਅੰਮ੍ਰਿਤ 2 ਸਕੀਮ ਤਹਿਤ ਜਾਰੀ ਕੀਤੀ ਰਾਸ਼ੀ ਦੇ ਵੇਰਵੇ

685 **ਸ਼੍ਰੀ ਕੁਲਦੀਪ ਸਿੰਘ ਢਿੱਲੋਂ ਕਾਲਾ ਢਿੱਲੋਂ (ਬਰਨਾਲਾ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ, ਸਥਾਨਕ ਸਰਕਾਰਾਂ ਵਿਭਾਗ :-**

ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਬਰਨਾਲਾ ਸ਼ਹਿਰ ਨੂੰ ਅੰਮ੍ਰਿਤ 2 ਸਕੀਮ ਤਹਿਤ ਸਾਫ਼ ਪੀਣ ਯੋਗ ਪਾਣੀ ਮੁਹੱਈਆ ਕਰਵਾਉਣ ਲਈ ਕਿੰਨੀ ਰਾਸ਼ੀ ਪ੍ਰਾਪਤ ਹੋਈ ਸੀ;

ਅ) ਇਸ ਰਾਸ਼ੀ ਨੂੰ ਕਿਸ-ਕਿਸ ਕੰਮ ਲਈ ਹੁਣ ਤੱਕ ਵਰਤਿਆ ਗਿਆ ਹੈ ਅਤੇ ਕਿੰਨੀ ਰਾਸ਼ੀ ਬਾਕੀ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

## ਰਾਸ਼ਨ ਕਾਰਡ ਧਾਰਕਾਂ ਦੀ ਸਹੂਲਤ ਅਨੁਸਾਰ ਰਾਸ਼ਨ ਵੰਡਣਾ

688 **ਸ. ਮਨਜਿੰਦਰ ਸਿੰਘ ਲਾਲਪੁਰਾ (ਖਡੂਰ ਸਾਹਿਬ ):**

**ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ :=**

ਕੀ ਖੁਰਾਕ ਅਤੇ ਸਿਵਲ ਸਪਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਪੰਜਾਬ ਵਿੱਚ ਰਾਸ਼ਨ ਕਾਰਡ ਧਾਰਕਾਂ ਨੂੰ ਆਪਣੇ ਨਿਰਧਾਰਤ ਡੀਪੂ ਤੋਂ ਹੀ ਰਾਸ਼ਨ ਲੈਣਾ ਪੈਂਦਾ ਹੈ, ਜਿਸ ਕਾਰਨ ਕਈ ਵਾਰ ਡੀਪੂ ਖੁੱਲ੍ਹਣ ਦੇ ਨਿਰਧਾਰਤ ਸਮੇਂ ਅਤੇ ਕੰਮਕਾਜ ਵਾਲੇ ਦਿਨਾਂ ਵਿੱਚ ਰਾਸ਼ਨ ਲੈਣ ਕਰਕੇ ਲੋਕਾਂ ਨੂੰ ਆਪਣੀ ਦਿਹਾੜੀ ਅਤੇ ਸਮੇਂ ਦਾ ਨੁਕਸਾਨ ਝੱਲਣਾ ਪੈਂਦਾ ਹੈ; ਜੇਕਰ ਅਜਿਹਾ ਹੈ ਤਾਂ ਕੀ ਹਰ ਹਲਕੇ ਵਿੱਚ 4 ਜਾਂ 5 ਸਰਕਾਰੀ ਰਾਸ਼ਨ ਵੰਡ ਕੇਂਦਰ ਜੋ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਨਿਯਮਤ ਤੌਰ ਤੇ ਖੁਲੇ ਰਹਿਣ ਸਥਾਪਤ ਕੀਤੇ ਜਾਣ ਦੀ ਕੋਈ ਯੋਜਨਾ ਸਰਕਾਰ ਦੇ ਵਿਚਾਰ ਅਧੀਨ ਹੈ ; ਵੇਰਵੇ ਸਹਿਤ ਦੱਸਿਆ ਜਾਵੇ?

----

## ਸਬਜ਼ੀਆਂ ਵਿੱਚ ਹਾਨੀਕਾਰਕ ਰਸਾਇਣਾਂ ਦੀ ਵਰਤੋਂ ਨੂੰ ਰੋਕਣਾ

690 **ਸ. ਮਨਜਿੰਦਰ ਸਿੰਘ ਲਾਲਪੁਰਾ (ਖਡੂਰ ਸਾਹਿਬ ):**

**ਖੇਤੀਬਾੜੀ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ :-**

ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਪੰਜਾਬ ਵਿੱਚ ਸਬਜ਼ੀਆਂ ਦੀ ਪੈਦਾਵਾਰ ਦੌਰਾਨ ਜਾਂ ਉਨ੍ਹਾਂ ਦਾ ਆਕਾਰ, ਭਾਰ ਜਾਂ ਪੱਕਣ ਦੀ ਪ੍ਰਕਿਰਿਆ ਤੇਜ਼ ਕਰਨ ਲਈ ਕੁਝ ਵਿਅਕਤੀਆਂ ਵੱਲੋਂ ਮਨੁੱਖੀ ਸਿਹਤ ਲਈ ਹਾਨੀਕਾਰਕ ਜਾਂ ਗੈਰ-ਮਨਜ਼ੂਰਸ਼ੁਦਾ ਰਸਾਇਣਾਂ, ਕੀਟਨਾਸ਼ਕਾਂ ਜਾਂ ਹੋਰ ਜ਼ਹਿਰੀਲੇ ਪਦਾਰਥਾਂ ਦੀ ਵਰਤੋਂ ਕੀਤੀ ਜਾਂਦੀ ਹੈ ਜਿਸ ਨਾਲ ਲੋਕਾਂ ਦੀ ਸਿਹਤ ਨੂੰ ਗੰਭੀਰ ਖ਼ਤਰਾ ਪੈਦਾ ਹੋ ਸਕਦਾ ਹੈ; ਜੇਕਰ ਅਜਿਹਾ ਹੈ ਤਾਂ ਸਰਕਾਰ ਵੱਲੋਂ ਪਿਛਲੇ ਤਿੰਨ ਸਾਲਾਂ ਦੌਰਾਨ ਸਬਜੀ ਮੰਡੀਆਂ ਅਤੇ ਹੋਰ ਵਿਕਰੀ ਸਥਾਨਾਂ ਤੋਂ ਕਿੰਨੇ ਸੈਂਪਲ ਲਏ ਗਏ ਅਤੇ ਕਿੰਨੇ ਸੈਂਪਲਾਂ ਵਿੱਚ ਹਾਨੀਕਾਰਕ ਜਾਂ ਗੈਰ-ਮਨਜ਼ੂਰਸ਼ੁਦਾ ਰਸਾਇਣ ਪਾਏ ਗਏ; ਜਿਲ੍ਹਾ-ਵਾਰ ਵੇਰਵੇ ਦਿੱਤਾ ਜਾਵੇਂ;

ਅ) ਉਪਰੋਕਤ ਮਾਮਲਿਆਂ ਵਿੱਚ ਜਿੰਮੇਵਾਰ ਵਿਅਕਤੀਆਂ ਖਿਲਾਫ ਹੁਣ ਤੱਕ ਕਿੰਨੇ ਕੇਸ ਦਰਜ ਕੀਤੇ ਗਏ, ਕਿੰਨਿਆ ਤੇ ਜੁਰਮਾਣਾ ਲਗਾਇਆ ਗਿਆ ਅਤੇ ਕਿੰਨਿਆ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਗਈ; ਵੇਰਵੇ ਸਹਿਤ ਦੱਸਿਆ ਜਾਵੇ;

ੲ) ਕੀ ਸਰਕਾਰ ਅਜਿਹੇ ਹਰ ਮਾਮਲੇ ਵਿੱਚ ਇਹ ਲਾਜ਼ਮੀ ਕਰਨ ਦਾ ਵਿਚਾਰ ਰੱਖਦੀ ਹੈ ਕਿ ਜਿਸ ਵਿਅਕਤੀ ਕੋਲੋਂ ਹਾਨੀਕਾਰਕ ਜਾਂ ਗੈਰ-ਮਨਜ਼ੂਰਸ਼ੁਦਾ ਰਸਾਇਣਾਂ ਦੀ ਵਰਤੋਂ ਸਾਬਤ ਹੋਵੇ, ਉਹ ਇਹ ਦੱਸੇ ਕਿ ਉਸ ਨੇ ਇਹ ਕਿਸ ਦੁਕਾਨ ਜਾਂ ਡੀਲਰ ਤੋਂ ਖਰੀਦੇ ਸਨ ਅਤੇ ਉਸ ਤੋਂ ਬਾਅਦ ਸਬੰਧਤ ਵਿਅਕਤੀ ਦੀ ਵੀ ਜਾਂਚ ਕਰਕੇ, ਜੇਕਰ ਉਸ ਦੀ ਭੂਮਿਕਾ ਪਾਈ ਜਾਂਦੀ ਹੈ,ਤਾਂ ਉਸ ਵਿਰੁੱਧ ਕੀ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇ;

ਸ) ਕੀ ਸਰਕਾਰ ਸਬਜ਼ੀਆਂ ਵਿੱਚ ਹਾਨੀਕਾਰਕ ਰਸਾਇਣਾਂ ਦੀ ਵਰਤੋਂ ਨੂੰ ਰੋਕਣ ਲਈ ਰਾਜ ਪੱਧਰ ਤੇ ਵਿਸ਼ੇਸ਼ ਮੁਹਿੰਮ, ਨਿਯਮਤ ਸੈਂਪਲਿੰਗ ਅਤੇ ਸਖ਼ਤ ਨਿਗਰਾਨੀ ਪ੍ਰਣਾਲੀ ਲਾਗੂ ਕਰਨ ਦਾ ਵਿਚਾਰ ਰੱਖਦੀ ਹੈ; ਜੇਕਰ ਹਾਂ ਤਾਂ ਵੇਰਵੇ ਦਿੱਤੇ ਜਾਣ?

----

## ਲੁਧਿਆਣਾ ਵਿਖੇ ਕੰਮਕਾਜੀ ਔਰਤਾਂ ਲਈ ਹੋਸਟਲ ਬਣਾਉਣਾ

691 **ਸ਼੍ਰੀਮਤੀ ਰਾਜਿੰਦਰ ਪਾਲ ਕੌਰ (ਲੁਧਿਆਣਾ ਦੱਖਣੀ):**

**ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀਆਂ, ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ :=** ਕੀ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਸੂਬੇ ਵਿੱਚ ਕੰਮਕਾਜੀ ਔਰਤਾਂ (ਵਰਕਿੰਗ ਵੂਮੈਨ) ਲਈ ਸਰਕਾਰ ਵੱਲੋਂ ਮੁਹਾਲੀ ਵਿਖੇ ਹੋਸਟਲ ਬਣਾਏ ਗਏ ਹਨ; ਜੇਕਰ ਅਜਿਹਾ ਹੈ ਤਾਂ ਕੀ ਇਸੇ ਤਰਜ ਤੇ ਲੁਧਿਆਣਾ ਵਿਖੇ ਕੰਮਕਾਜੀ ਔਰਤਾਂ ਲਈ ਹੋਸਟਲ ਬਣਾਉਣ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ ; ਵੇਰਵੇ ਸਹਿਤ ਦੱਸਿਆ ਜਾਵੇ ?

----

## ਹਲਕਾ ਖਡੂਰ ਸਾਹਿਬ ਦੇ ਸਰਕਾਰੀ ਸਕੂਲਾਂ ਦੇ ਵੇਰਵੇ

695 **ਸ. ਮਨਜਿੰਦਰ ਸਿੰਘ ਲਾਲਪੁਰਾ (ਖਡੂਰ ਸਾਹਿਬ ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ, ਸਥਾਨਕ ਸਰਕਾਰਾਂ ਵਿਭਾਗ :-**

ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ**) ਹਲਕਾ ਖਡੂਰ ਸਾਹਿਬ ਵਿੱਚ ਕਿੰਨੇ ਪ੍ਰਾਇਮਰੀ, ਐਲੀਮੈਂਟਰੀ/ਮਿਡਲ,ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲ ਹਨ ਅਤੇ ਹਰੇਕ ਸਕੂਲ ਵਿੱਚ ਵਿਦਿਆਰਥੀਆਂ ਦੀ ਗਿਣਤੀ ਕਿੰਨੀ ਹੈ;

**ਅ**) ਇਨ੍ਹਾਂ ਵਿੱਚ ਕਿੰਨੇ ਸਕੂਲਾਂ ਨੂੰ ਪ੍ਰਾਇਮਰੀ ਤੋਂ ਐਲੀਮੈਂਟਰੀ, ਐਲੀਮੈਂਟਰੀ ਤੋਂ ਹਾਈ ,ਹਾਈ ਤੋਂ ਸੀਨੀਅਰ ਸੈਕੰਡਰੀ ਬਣਾਉਣ ਲਈ ਪ੍ਰਸਤਾਵ ਲੰਬਿਤ ਹਨ; ਸਕੂਲ-ਵਾਰ ਵੇਰਵਾ ਦਿੱਤਾ ਜਾਵੇ;

**ੲ**) ਹਲਕਾ ਖਡੂਰ ਸਾਹਿਬ ਦੇ ਕਿੰਨੇ ਪਿੰਡ ਅਜਿਹੇ ਹਨ ਜਿੱਥੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਹੀਂ ਹੈ, ਕਿੰਨਿਆਂ ਵਿੱਚ ਸਾਇੰਸ ਸਟ੍ਰੀਮ ਨਹੀਂ ਹੈ ਅਤੇ ਕਿੰਨਿਆਂ ਪਿੰਡਾਂ ਦੇ ਵਿਦਿਆਰਥੀਆਂ ਨੂੰ 5 ਕਿਲੋਮੀਟਰ ਤੋਂ ਵੱਧ ਦੂਰੀ ਤੈਅ ਕਰਕੇ ਪੜ੍ਹਾਈ ਲਈ ਜਾਣਾ ਪੈਂਦਾ ਹੈ; ਪਿੰਡ-ਵਾਰ ਵੇਰਵੇ ਸਹਿਤ ਦੱਸਿਆ ਜਾਵੇ?

----

## ਹਲਕਾ ਖਡੂਰ ਸਾਹਿਬ ਦੇ ਸਰਕਾਰੀ ਸਕੂਲਾਂ ਨੂੰ ਵਿਕਾਸ ਕਾਰਜਾਂ ਲਈ ਜਾਰੀ ਕੀਤੀ ਗ੍ਰਾਂਟ ਦੇ ਵੇਰਵੇ

696 ਸ. ਮਨਜਿੰਦਰ ਸਿੰਘ ਲਾਲਪੁਰਾ (ਖਡੂਰ ਸਾਹਿਬ ):

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ, ਸਥਾਨਕ ਸਰਕਾਰਾਂ ਵਿਭਾਗ :=** ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ: **ੳ**) 1 ਅਪ੍ਰੈਲ 2022 ਤੋਂ ਹੁਣ ਤੱਕ ਹਲਕਾ ਖਡੂਰ ਸਾਹਿਬ ਦੇ ਕਿਹੜੇ-ਕਿਹੜੇ ਸਰਕਾਰੀ ਪ੍ਰਾਇਮਰੀ, ਐਲੀਮੈਂਟਰੀ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਨੂੰ ਵਿਕਾਸ ਕਾਰਜਾਂ ਲਈ ਗ੍ਰਾਂਟ ਜਾਰੀ ਕੀਤੀ ਗਈ ; ਸਕੂਲ-ਵਾਰ ਵੇਰਵਾ ਦਿੱਤਾ ਜਾਵੇ ( ਸਕੂਲ ਦਾ ਨਾਮ ਅਤੇ ਪਿੰਡ,ਗ੍ਰਾਂਟ ਦੀ ਰਕਮ,ਗ੍ਰਾਂਟ ਕਿਸ ਯੋਜਨਾ ਅਧੀਨ ਦਿੱਤੀ ਗਈ, ਕਿਸ ਕੰਮ ਲਈ ਦਿੱਤੀ ਗਈ ਅਤੇ ਕੰਮ ਦੀ ਮੌਜੂਦਾ ਸਥਿਤੀ (ਮੁਕੰਮਲ/ਚੱਲ ਰਿਹਾ/ਸ਼ੁਰੂ ਨਹੀਂ ਹੋਇਆ); **ਅ**) 1 ਅਪ੍ਰੈਲ 2022 ਤੋਂ ਹੁਣ ਤੱਕ ਹਲਕਾ ਖਡੂਰ ਸਾਹਿਬ ਦੇ ਕਿਹੜੇ-ਕਿਹੜੇ ਸਰਕਾਰੀ ਪ੍ਰਾਇਮਰੀ, ਐਲੀਮੈਂਟਰੀ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਨੂੰ ਕੋਈ ਵੀ ਵਿਕਾਸ ਗ੍ਰਾਂਟ ਜਾਰੀ ਨਹੀਂ ਕੀਤੀ ਗਈ; ਅਜਿਹੇ ਸਕੂਲਾਂ ਦੀ ਸਕੂਲ-ਵਾਰ ਅਤੇ ਪਿੰਡ-ਵਾਰ ਸੂਚੀ ਦਿੱਤੀ ਜਾਵੇ ਅਤੇ ਗ੍ਰਾਂਟ ਨਾ ਮਿਲਣ ਦੇ ਕੀ ਕਾਰਨ ਹਨ; ਵੇਰਵੇ ਸਹਿਤ ਦੱਸਿਆ ਜਾਵੇ?

----

**ਚੰਡੀਗੜ੍ਹ - 160001.** **ਰਾਮ ਲੋਕ ਖਟਾਣਾ,**

**03 ਅਗਸਤ 2026.** **ਸਕੱਤਰ**